**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

## 18 ਸਾਲ ਦੀ ਉਮਰ ਪੂਰੀ ਕਰ ਚੁੱਕਾ ਵਿਅਕਤੀ ਵੋਟ ਬਣਾਉਣ ਤੋਂ ਨਾ ਰਹੇ ਵਾਂਝਾ -ਈਸ਼ਾ ਕਾਲੀਆ

## ਯੋਗ ਨਾਗਰਿਕਾਂ ਨੂੰ ਇਸ ਮੁਹਿੰਮ ਦੌਰਾਨ ਆਪਣੀਆਂ ਵੋਟਾਂ ਬਣਵਾਉਣ ਦੀ ਅਪੀਲ

## ਵੋਟਰ ਸੂਚੀਆਂ ਦੀ ਸਰਸਰੀ ਸੁਧਾਈ 3 ਅਕਤੂਬਰ ਤੋਂ 2 ਨਵੰਬਰ ਤੱਕ

## 1 ਜਨਵਰੀ 2018 ਦੀ ਯੋਗਤਾ ਮਿਤੀ ਅਨੁਸਾਰ ਬਣਨਗੀਆਂ ਵੋਟਾਂ

## ਚੋਣ ਦਫਤਰ ਵਿਖੇ ਕੰਟਰੋਲ ਰੂਮ ਸਥਾਪਿਤ

ਫਾਜ਼ਿਲਕਾ 15 ਸਤੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ 01 ਜਨਵਰੀ 2018 ਦੇ ਆਧਾਰ 'ਤੇ ਫੋਟੋ ਵੋਟਰ ਸੂਚੀ ਦੀ ਸਰਸਰੀ ਸੁਧਾਈ ਦੇ ਸਬੰਧ ਵਿੱਚ ਡਰਾਫਟ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 03 ਅਕਤੂਬਰ 2017 ਤੋਂ 2 ਨਵੰਬਰ 2017 ਤੱਕ ਕੀਤੀ ਜਾ ਰਹੀ ਹੈ। ਇਸ ਮਿਤੀ ਤੋਂ ਇਹ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਦਫ਼ਤਰ, ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਬੂਥ ਲੈਵਲ ਅਫ਼ਸਰਾਂ ਪਾਸ ਆਮ ਜਨਤਾ ਦੇ ਵੇਖਣ ਲਈ ਉਪਲਬੱਧ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਦਾਅਵੇ ਅਤੇ ਇਤਰਾਜ ਵੀ ਲਏ ਜਾਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਕੋਈ ਵੀ ਯੋਗ ਵਿਅਕਤੀ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 07 ਅਤੇ 14 ਅਕਤੂਬਰ 2017 ਨੂੰ ਬੀ.ਐਲ.ਓਜ਼ ਆਪਣੇ ਪੋਲਿੰਗ ਏਰੀਏ ਵਿੱਚ ਪਤਵੰਤੇ ਨਾਗਰਿਕਾਂ ਦੀ ਹਾਜ਼ਰੀ ਵਿੱਚ ਵੋਟਰ ਸੂਚੀ ਪੜ੍ਹ ਕੇ ਸੁਣਾਉਣਗੇ। ਇਸ ਤੋਂ ਇਲਾਵਾ 08 ਅਕਤੂਬਰ 2017 ਅਤੇ 15 ਅਕਤੂਬਰ 2017 ਨੂੰ (ਦੋਵੇਂ ਐਤਵਾਰ) ਸਪੈਸ਼ਲ ਕੰਪੈਅਨ ਮਿਤੀਆਂ ਨਿਸ਼ਚਿਤ ਕੀਤੀਆਂ ਗਈਆਂ ਹਨ। ਇਹਨਾਂ ਮਿਤੀਆਂ ਨੂੰ ਬੂਥ ਲੈਵਲ ਅਫ਼ਸਰ ਆਪਣੇ ਪੋਲਿੰਗ ਸਟੇਸ਼ਨ ਤੇ ਬੈਠ ਕੇ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨਗੇ। ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ ਜਿਸਦੀ ਉਮਰ 01 ਜਨਵਰੀ 2018 ਨੂੰ 18 ਸਾਲ ਜਾਂ ਇਸ ਤੋਂ ਵੱਧ ਹੋ ਚੁੱਕੀ ਹੈ ਅਤੇ ਉਸਦੀ ਵੋਟ ਅਜੇ ਤੱਕ ਨਹੀਂ ਬਣੀ ਤਾਂ ਉਹ ਆਪਣੀ ਵੋਟ ਬਣਾਉਣ ਵਾਸਤੇ ਫਾਰਮ ਨੰ. 6 (ਸਮੇਤ ਰੰਗਦਾਰ ਪਾਸਪੋਰਟ ਸਾਇਜ਼ ਫੋਟੋ ਅਤੇ ਉਮਰ ਸਬੰਧੀ ਦਸਤਾਵੇਜ) ਵਿੱਚ ਆਪਣਾ ਦਾਅਵਾ ਪੇਸ਼ ਕਰੇਗਾ। ਵੋਟ ਕਟਵਾਉਣ ਲਈ

ਫਾਰਮ ਨੰ. 7, ਵੋਟਰ ਦੇ ਵੇਰਵਿਆਂ ਵਿੱਚ ਦਰੁੱਸਤੀ ਲਈ ਫਾਰਮ ਨੰ. 8 ਅਤੇ ਵਿਧਾਨ ਸਭਾ ਹਲਕੇ ਅੰਦਰ ਰਿਹਾਇਸ਼ ਤਬਦੀਲੀ ਦੀ ਸੂਰਤ ਵਿੱਚ ਫਾਰਮ ਨੰ: 8ੳ ਭਰਿਆ ਜਾ ਸਕਦਾ ਹੈ। ਇਹ ਫਾਰਮ ਆਨਲਾਈਨ ਮਮਮ.ਅਡਤਬ.ਜਅ ਪੋਰਟਲ ਤੇ ਵੀ ਭਰੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਪੈਂਦੇ ਚਾਰ ਵਿਧਾਨ ਸਭਾ ਹਲਕਾ 79-ਜਲਾਲਾਬਾਦ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਉਪ ਮੰਡਲ ਮੈਜਿਸਟਰੇਟ, ਜਲਾਲਾਬਾਦ, 80-ਫਾਜ਼ਿਲਕਾ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਉਪ ਮੰਡਲ ਮੈਜਿਸਟਰੇਟ, ਫਾਜ਼ਿਲਕਾ ਤੇ ਸਬੰਧਤ ਤਹਿਸੀਲਦਾਰ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਤੇ 81-ਅਬੋਹਰ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਉਪ ਮੰਡਲ ਮੈਜਿਸਟਰੇਟ, ਅਬੋਹਰ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਖੂਈਆਂ ਸਰਵਰ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਨਿਯੁਕਤ ਕੀਤੇ ਗਏ ਹਨ। ਵਿਧਾਨ ਸਭਾ ਚੋਣ ਹਲਕਾ 82-ਬਲੂਆਣਾ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਾਜ਼ਿਲਕਾ ਅਤੇ ਤਹਿਸੀਲਦਾਰ ਅਬੋਹਰ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਹਨ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਈ ਵੀ ਯੋਗ ਨਾਗਰਿਕ ਵੋਟਰ ਬਨਣ ਤੋਂ ਵਾਂਝਾ ਨਹੀਂ ਰਹਿਣਾ ਚਾਹਿਦਾ। ਕਿਸੇ ਕਿਸਮ ਦੀ ਜਾਣਕਾਰੀ ਪ੍ਰਾਪਤ ਕਰਨ ਲਈ ਸਬੰਧਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ/ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ/ਤਹਿਸੀਲਦਾਰ ਚੋਣਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਸਬੰਧ ਵਿੱਚ ਜਿਲ੍ਹਾ ਚੋਣ ਦਫ਼ਤਰ, ਫਾਜ਼ਿਲਕਾ ਵਿਖੇ ਇੱਕ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ